# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 20-07-2025**

- ਸੰਸਦ ਦੇ ਮਾਨਸੂਨ ਇਜਲਾਸ ਤੋਂ ਪਹਿਲਾਂ, ਸਰਕਾਰ ਨੇ ਅੱਜ ਸੰਸਦ ਦੇ ਦੋਵਾਂ ਸਦਨਾਂ ਦੇ ਸੁਚਾਰੂ ਕੰਮਕਾਜ ਨੂੰ ਯਕੀਨੀ ਬਣਾਉਣ ਲਈ ਇੱਕ ਸਰਬ ਪਾਰਟੀ ਮੀਟਿੰਗ ਕੀਤੀ।
- ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਅੱਜ, ਅੰਮ੍ਰਿਤਸਰ ਜਲੰਧਰ ਸ਼ਾਹਰਾਹ ‘ਤੇ ਨਵੇ ਬਣਨ ਵਾਲੇ ਫਲਾਈਓਵਰ ਦਾ ਨੀਂਹ ਪੱਥਰ ਰੱਖਿਆ।
- ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਪਠਾਨਕੋਟ ਦੇ ਅੰਮ੍ਰਿਤਸਰ-ਪਠਾਨਕੋਟ ਸ਼ਾਹਰਾਹ 'ਤੇ ਕੋਟਲੀ ਵਿੱਚ ਬਣੇ ਵਾਤਾਵਰਣ ਪਾਰਕ ਵਿੱਚ ਬੂਟੇ ਲਾ ਕੇ ਜ਼ਿਲ੍ਹੇ ਵਿੱਚ ਵਣ ਮਹਾਉਤਸਵ ਦੀ ਸ਼ੁਰੂਆਤ ਕੀਤੀ।
- ਵਿਸ਼ਵ ਪ੍ਰਸਿੱਧ, ਸਭ ਤੋਂ ਬਜ਼ੁਰਗ ਮੈਰਾਥਨ ਦੌੜਾਕ, ਫੌਜਾ ਸਿੰਘ ਦਾ ਅੰਤਿਮ ਸੰਸਕਾਰ, ਅੱਜ ਦੁਪਹਿਰ ਬਾਅਦ, ਪੰਜਾਬ ਦੇ ਜਲੰਧਰ

ਜ਼ਿਲ੍ਹੇ ਦੇ ਉਨ੍ਹਾਂ ਦੇ ਜੱਦੀ, ਬਿਆਸ ਪਿੰਡ ਵਿਖੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ।

- ਭਾਰਤ ਦੀਆਂ ਔਰਤ ਪਹਿਲਵਾਨਾਂ ਨੇ ਹੰਗਰੀ ਵਿੱਚ 3 ਸੋਨੇ ਦੇ ਤਗਮਿਆਂ ਸਮੇਤ ਅੱਠ ਤਗਮੇ ਜਿੱਤੇ ਨੇ ।

--------------------------------------------------------------------------------

ਸੰਸਦ ਦੇ ਮਾਨਸੂਨ ਇਜਲਾਸ ਤੋਂ ਪਹਿਲਾਂ, ਸਰਕਾਰ ਨੇ ਅੱਜ ਸੰਸਦ ਦੇ ਦੋਵਾਂ ਸਦਨਾਂ ਦੇ ਸੁਚਾਰੂ ਕੰਮਕਾਜ ਨੂੰ ਯਕੀਨੀ ਬਣਾਉਣ ਲਈ ਇੱਕ ਸਰਬ ਪਾਰਟੀ ਮੀਟਿੰਗ ਕੀਤੀ । ਸਰਕਾਰ ਨੇ ਇਜਲਾਸ ਦੇ ਸੁਚਾਰੂ ਸੰਚਾਲਨ ਲਈ ਵਿਰੋਧੀ ਪਾਰਟੀਆਂ ਤੋਂ ਸਹਿਯੋਗ ਲੈਣ ਲਈ ਇਹ ਮੀਟਿੰਗ ਬੁਲਾਈ ਸੀ । ਲੋਕ ਸਭਾ ਅਤੇ ਰਾਜ ਸਭਾ ਦੀ ਨੁਮਾਇੰਦਗੀ ਕਰਨ ਵਾਲੀਆਂ ਵੱਖ-ਵੱਖ ਸਿਆਸੀ ਪਾਰਟੀਆਂ ਦੇ ਸਭਾ ਵਿਚਲੇ ਨੇਤਾਵਾਂ ਨੇ ਮੀਟਿੰਗ ਵਿੱਚ ਸ਼ਿਰਕਤ ਕੀਤੀ। ਕੇਂਦਰੀ ਮੰਤਰੀ ਅਤੇ ਰਾਜ ਸਭਾ ਵਿੱਚ ਸਦਨ ਦੇ ਨੇਤਾ, ਜਗਤ ਪ੍ਰਕਾਸ਼ ਨੱਡਾ ਨੇ ਮੀਟਿੰਗ ਦੀ ਪ੍ਰਧਾਨਗੀ ਕੀਤੀ ਜਿਸ ਵਿੱਚ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ, ਸੰਸਦੀ ਮਾਮਲਿਆਂ ਬਾਰੇ ਰਾਜ ਮੰਤਰੀ ਅਰਜੁਨ ਰਾਮ ਮੇਘਵਾਲ ਅਤੇ ਡਾ. ਐਲ. ਮੁਰੂਗਨ ਮੌਜੂਦ ਸਨ। ਇਸ ਤੋਂ ਇਲਾਵਾ, ਕਾਂਗਰਸ ਤੋਂ ਗੌਰਵ ਗੋਗੋਈ ਅਤੇ ਪ੍ਰਮੋਦ ਤਿਵਾੜੀ, NCP – SCP ਤੋਂ ਸੁਪ੍ਰਿਆ ਸੁਲੇ, DMK ਦੇ

ਤਿਰੂਚੀ ਸਿਵਾ, ਸਮਾਜਵਾਦੀ ਪਾਰਟੀ ਦੇ ਰਾਮ ਗੋਪਾਲ ਯਾਦਵ, DMK ਤੋਂ ਟੀ.ਆਰ ਬਾਲੂ ਅਤੇ ਆਪ ਤੋਂ ਸੰਜੇ ਸਿੰਘ ਨੇ ਮੀਟਿੰਗ ਵਿੱਚ ਸ਼ਿਰਕਤ ਕੀਤੀ। ਮਾਨਸੂਨ ਇਜਲਾਸ ਭਲਕੇ ਤੋਂ ਸ਼ੁਰੂ ਹੋ ਰਿਹਾ ਏ ਅਤੇ 21 ਅਗਸਤ ਤੱਕ ਜਾਰੀ ਰਹੇਗਾ। ਸੈਸ਼ਨ ਦੌਰਾਨ, ਦੋਵਾਂ ਸਦਨਾਂ ਦੀਆਂ ਕੁੱਲ 21 ਬੈਠਕਾਂ ਹੋਣਗੀਆਂ । ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ ਕਿ ਮੀਟਿੰਗ ਬਹੁਤ ਹੀ ਉਸਾਰੂ ਰਹੀ ਅਤੇ ਸਭਾ ਦੇ ਨੇਤਾਵਾਂ ਨੇ ਆਪਣੀਆਂ ਪਾਰਟੀਆਂ ਦੀ ਸਥਿਤੀ ਅਤੇ ਇਸ ਇਜਲਾਸ ਦੌਰਾਨ ਉਠਾਏ ਜਾਣ ਵਾਲੇ ਮੁੱਦਿਆਂ ਨੂੰ ਸਾਹਮਣੇ ਰੱਖਿਆ। ਸ਼੍ਰੀ ਰਿਜੀਜੂ ਨੇ ਕਿਹਾ ਕਿ ਸਰਕਾਰ ਨੇ ਵਿਰੋਧੀ ਧਿਰ ਨੂੰ ਦੋਵਾਂ ਸਦਨਾਂ ਦੇ ਸਹੀ ਕੰਮਕਾਜ ਨੂੰ ਯਕੀਨੀ ਬਣਾਉਣ ਲਈ ਬੇਨਤੀ ਕੀਤੀ ਏ । ਉਨ੍ਹਾਂ ਕਿਹਾ ਕਿ ਸੱਤਾਧਾਰੀ ਧਿਰ ਅਤੇ ਵਿਰੋਧੀ ਧਿਰ ਦੋਵਾਂ ਨੂੰ ਚੰਗੇ ਤਾਲਮੇਲ ਨਾਲ ਰਲ ਕੇ ਕੰਮ ਕਰਨਾ ਚਾਹੀਦਾ ਏ - BYTE -

ਸ਼੍ਰੀ ਰਿਜੀਜੂ ਨੇ ਕਿਹਾ ਕਿ ਸਰਕਾਰ ਸੰਸਦ ਵਿੱਚ ਆਪ੍ਰੇਸ਼ਨ ਸਿੰਦੂਰ ਵਰਗੇ ਅਹਿਮ ਮੁੱਦਿਆਂ 'ਤੇ ਚਰਚਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਏ ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਉਨ੍ਹਾਂ ਦੀ ਸਰਕਾਰ, ਪਵਿੱਤਰ ਗ੍ਰੰਥਾਂ ਦੀ ਬੇਅਦਬੀ ਨੂੰ ਰੋਕਣ ਲਈ ਪੂਰਨ ਤੌਰ ’ਤੇ ਵਚਨਬੱਧ ਏ। ਕਲ੍ਹ ਬਰਨਾਲਾ ਵਿਚ ਅੱਠ ਜਨਤਕ ਲਾਇਬ੍ਰੇਰੀਆਂ ਨੂੰ ਵਰਚੂਅਲ ਤੌਰ ’ਤੇ ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਸੰਬੋਧਨ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਲੰਘੇ ਸੋਮਵਾਰ ਨੂੰ ‘ਪੰਜਾਬ ਪਵਿੱਤਰ ਧਾਰਮਿਕ ਗ੍ਰੰਥਾਂ ਵਿਰੁੱਧ ਅਪਰਾਧ ਰੋਕਥਾਮ ਬਿੱਲ-2025’ ਵਿਧਾਨ ਸਭਾ ਵਿਚ ਪੇਸ਼ ਕੀਤਾ ਗਿਆ ਸੀ ਕਿਉਂਕਿ ਬੇਅਦਬੀ ਜਿਹੇ ਅਪਰਾਧਾਂ ਨੂੰ ਰੋਕਣ ਲਈ ਸਖ਼ਤ ਸਜਾ ਜ਼ਰੂਰੀ ਏ। ਉਨ੍ਹਾਂ ਅੱਗੇ ਕਿਹਾ ਕਿ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਲਗਾਤਾਰ ਜਾਰੀ ਏ ਤੇ ਸਿਆਸੀ ਅਸਰ-ਰਸੂਖ਼ ਵਾਲੇ ਤਾਕਤਵਰ ਵਿਅਕਤੀ, ਜੋ ਆਪਣੇ-ਆਪ ਨੂੰ ਕਾਨੂੰਨ ਤੋਂ ਉਪਰ ਸਮਝਦੇ ਸਨ, ਹੁਣ ਨਾਭਾ ਜੇਲ੍ਹ ਵਿਚ ਬੰਦ ਨੇ।

---------------------------------------------------------------------------

ਪੰਜਾਬ ਸਰਕਾਰ ਵੱਲੋਂ ਬੇਅਦਬੀਆਂ ਖਿਲਾਫ ਕਾਨੂੰਨ ਬਣਾਉਣ ਲਈ ਚੱਲ ਰਹੀ ਕਾਰਵਾਈ ਦੌਰਾਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਬੀਤੇ ਕਲ੍ਹ, ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ। ਉਹਨਾਂ ਇਸ ਮੌਕੇ ਦੱਸਿਆ ਕਿ ਇਹ ਕਾਨੂੰਨ ਬਣਾਉਣ ਲਈ ਸਾਰੇ ਬੁੱਧੀਜੀਵੀਆਂ, ਵਕੀਲਾਂ, ਕਾਨੂੰਨਦਾਨਾਂ, ਪ੍ਰੋਫੈਸਰਾਂ ਕੋਲੋਂ ਵਿਚਾਰ ਮੰਗੇ ਗਏ ਨੇ . ਉਨਾਂ ਇਸ ਲਈ ਸਾਰੇ ਭਾਈਚਾਰਿਆਂ ਕੋਲੋਂ ਸਹਿਯੋਗ ਅਤੇ ਰਾਏ

ਮੰਗੀ। ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਨੂੰ ਨੁਕਸਾਨ ਪਹੁੰਚਾਉਣ ਬਾਰੇ ਆਈ ਧਮਕੀ ਦੇ ਸੰਬੰਧ ‘ਚ ਬੋਲਦਿਆਂ ਸੰਧਵਾਂ ਨੇ ਕਿਹਾ ਕਿ ਇਹ ਹਰ ਧਰਮਾਂ ਦੇ ਵਿਅਕਤੀਆਂ ਦਾ ਸਾਂਝਾ ਮੁਕੱਦਸ ਸਥਾਨ ਏ . ਉਹਨਾਂ ਕਿਹਾ ਕਿ ਸ਼ਰਾਰਤੀ ਅਨਸਰਾਂ ਵੱਲੋਂ ਜੋ ਈਮੇਲ ਆਈਆਂ ਨੇ, ਓਹਨਾਂ ਉੱਤੇ ਕਾਰਵਾਈ ਲਈ ਪੁਲਿਸ ਅਤੇ ਪ੍ਰਸ਼ਾਸਨ ਨਿਰੰਤਰ ਕੰਮ ਕਰ ਰਿਹਾ ਏ ।

byte -

-----------------------------------------------------------------------------

ਖਰੜ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ, ਅਨਮੋਲ ਗਗਨ ਮਾਨ ਦਾ ਅਸਤੀਫਾ ਨਾਮੰਜ਼ੂਰ ਹੋ ਗਿਆ ਏ.ਪ੍ਰਦੇਸ਼ ਪ੍ਰਧਾਨ ਅਮਨ ਅਰੋੜਾ ਨਾਲ ਮੁਲਾਕਾਤ ਤੋਂ ਬਾਅਦ ਅਨਮੋਲ ਗਗਨ ਮਾਨ ਨੇ ਪਾਰਟੀ ਦਾ ਫੈਸਲਾ ਪ੍ਰਵਾਨ ਕਰ ਲਿਆ ਏ. ਪਹਿਲਾਂ ਕਲ ਵਿਧਾਇਕ ਨੇ ਸਿਆਸਤ ਛੱਡਣ ਦਾ ਐਲਾਨ ਕਰਦਿਆਂ ਵਿਧਾਇਕ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ. ਇਸ ਸਬੰਧੀ ਅਨਮੋਲ ਗਗਨ ਮਾਨ ਨੇ SOCIAL ਮੀਡਿਆ PLATFORM ‘X’ ‘ਤੇ ਪੋਸਟ ਰਾਹੀਂ ਜਾਣਕਾਰੀ ਦਿੱਤੀ ਸੀ, ਹਾਲਾਂਕਿ ਓਹਨਾਂ ਨੇ ਇਸ ਫੈਸਲੇ ਪਿਛੇ ਕਾਰਣ ਨਹੀਂ ਦੱਸਿਆ ਸੀ .

-----------------------------------------------------------------------------

ਲੋਕ ਨਿਰਮਾਣ ਮੰਤਰੀ ਸਰਦਾਰ ਹਰਭਜਨ ਸਿੰਘ ਈ.ਟੀ.ਓ ਨੇ ਅੱਜ, ਅੰਮ੍ਰਿਤਸਰ ਜਲੰਧਰ ਸ਼ਾਹਰਾਹ ਸਥਿਤ, ਭਾਈ ਗੁਰਦਾਸ ਜੀ ਨਗਰ

ਨਿਊ ਅੰਮ੍ਰਿਤਸਰ ਵਿਖੇ, ਨਵੇ ਬਣਨ ਵਾਲੇ ਫਲਾਈਓਵਰ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਦਸਿਆ ਕਿ ਇਸ ਪੁਲ ਨੂੰ ਬਣਾਉਣ ਤੇ 39 ਕਰੋੜ 85 ਲੱਖ ਰੁਪਏ ਦੀ ਲਾਗਤ ਆਵੇਗੀ। ਈਟੀਓ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ, ਭਗਵੰਤ ਸਿੰਘ ਮਾਨ ਵਲੋਂ ਇਸ ਕੰਮ ਲਈ 59. 53 ਕਰੋੜ ਰੁਪਏ ਦੀ ਪ੍ਰਵਾਨਗੀ ਜਾਰੀ ਕੀਤੀ ਗਈ ਸੀ, ਤੇ ਟੈਂਡਰ ਪ੍ਰਕ੍ਰਿਆ ਦੌਰਾਨ 28 ਫ਼ੀਸਦੀ ਘਟ ਤੇ ਸਬੰਧਤ ਫਰਮ ਨੂੰ ਕੰਮ ਅਲਾਟ ਕਰਕੇ ਕਰੀਬ 20 ਕਰੋੜ ਰੁਪਏ ਦੀ ਬੱਚਤ ਕੀਤੀ ਗਈ ਏ । ਉਨ੍ਹਾਂ ਕਿਹਾ ਕਿ ਇਹ ਪੈਸਾ ਆਮ ਲੋਕਾਂ ਦਾ ਪੈਸਾ ਏ ਅਤੇ ਇਨ੍ਹਾਂ ਪੈਸਿਆਂ ਦੀ ਦੁਰਵਰਤੋ ਨਹੀਂ ਹੋਣ ਦਿੱਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ਼ ਕਰਦਿਆ ਕਿਹਾ ਕਿ ਜਿੱਥੇ ਕਿਧਰੇ ਵੀ ਓਹਨਾਂ ਨੂੰ ਵਿਕਾਸ ਕਾਰਜਾਂ ਵਿਚ ਕੋਈ ਊਣਤਾਈ ਨਜ਼ਰ ਆਉਦੀ ਏ, ਤਾਂ ਓਹਨਾਂ ਦੇ ਧਿਆਨ 'ਚ ਲਿਆਂਦਾ ਜਾਵੇ ।

---------------------------------------------------------------------------

ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਪਠਾਨਕੋਟ ਦੇ ਅੰਮ੍ਰਿਤਸਰ-ਪਠਾਨਕੋਟ ਸ਼ਾਹਰਾਹ 'ਤੇ ਕੋਟਲੀ ਵਿੱਚ ਬਣੇ ਵਾਤਾਵਰਣ ਪਾਰਕ ਵਿੱਚ ਬੂਟੇ ਲਾ ਕੇ ਜ਼ਿਲ੍ਹੇ ਵਿੱਚ ਵਣ ਮਹਾਉਤਸਵ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਕੋਟਲੀ ਵਿੱਚ ਵਾਤਾਵਰਣ ਪਾਰਕ ਅਤੇ ਮਲਿਕਪੁਰ ਵਿੱਚ ਸ਼ਾਹਰਾਹ ਵਾਲੇ ਪਾਸੇ ਵਿਕਸਤ ਕੀਤੀ ਜਾ ਰਹੀ

ਨਾਨਕ ਬਗੀਚੀ ਦਾ ਉਦਘਾਟਨ ਵੀ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ, ਹਰੇਕ ਜ਼ਿਲ੍ਹੇ ਵਿੱਚ ਸਾਢੇ 3 ਲੱਖ ਬੂਟੇ ਲਾਉਣ ਦਾ ਟੀਚਾ ਰੱਖਿਆ ਏ ਅਤੇ ਇਸ ਤਹਿਤ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਨੇ ਤੇ ਵੱਖ-ਵੱਖ ਥਾਵਾਂ 'ਤੇ ਬੂਟੇ ਲਗਾਏ ਜਾ ਰਹੇ ਨੇ ਤਾਂ ਜੋ ਸਾਡੀ ਅਗਲੀ ਪੀੜ੍ਹੀ ਨੂੰ ਇੱਕ ਸਾਫ਼ ਅਤੇ ਸਿਹਤਮੰਦ ਚੁਗਿਰਦਾ ਮਿਲ ਸਕੇ। byte -

---------------------------------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਝਬਾਲ ਦੀ ਅਨਾਜ ਮੰਡੀ 'ਚ ਆਜ਼ਾਦ ਧੜੇ ਦੀ ਅਗਵਾਈ 'ਚ ਹੋਈ ਰੈਲੀ 'ਚ ਸ਼ਿਰਕਤ ਕਰਦਿਆਂ, ਪ੍ਰਿੰਸੀਪਲ ਸੁਖਵਿੰਦਰ ਕੋਰ ਰੰਧਾਵਾ ਨੂੰ ਤਰਨਤਾਰਨ ਜ਼ਿਮਨੀ ਚੋਣ ਲਈ ਉਮੀਦਵਾਰ ਐਲਾਨਿਆ। ਇਸ ਤੋਂ ਇਲਾਵਾ ਉਨ੍ਹਾਂ ਨੂੰ ਹਲਕਾ ਇੰਚਾਰਜ ਵੀ ਬਣਾਇਆ। ਇਸ ਤੋਂ ਪਹਿਲਾਂ ਆਜ਼ਾਦ ਧੜੇ ਨੇ ਬਿਨਾਂ ਕਿਸੇ ਸ਼ਰਤ ਦੇ ਅਕਾਲੀ ਦਲ 'ਚ ਸ਼ਾਮਲ ਹੋਣ ਦਾ ਐਲਾਨ ਕੀਤਾ।

---------------------------------------------------------------------------

ਭਾਰਤੀ ਫੌਜ ਨੇ ਪੰਜਾਬ ਦੇ 'ਆਪ੍ਰੇਸ਼ਨ ਸਿੰਦੂਰ' ਦੇ ਸਭ ਤੋਂ ਛੋਟੇ ਯੋਧੇ, ਮਾਸਟਰ ਸਵਰਨ ਸਿੰਘ ਦੀਆਂ ਸਾਰੀਆਂ ਵਿਦਿਅਕ ਜ਼ਰੂਰਤਾਂ ਨੂੰ

ਸਪਾਂਸਰ ਕਰਨ ਦਾ ਫੈਸਲਾ ਕੀਤਾ ਏ। ਫਿਰੋਜ਼ਪੁਰ ਦਾ ਇਹ 10 ਸਾਲਾ ਬੱਚਾ ਆਪ੍ਰੇਸ਼ਨ ਦੌਰਾਨ ਸਰਹੱਦੀ ਜ਼ਿਲ੍ਹੇ ਵਿੱਚ ਆਪਣੇ ਖੇਤਾਂ ਵਿੱਚ ਤਾਇਨਾਤ ਫੌਜੀ ਜਵਾਨਾਂ ਨੂੰ ਦਿਨ-ਰਾਤ ਖਾਣ-ਪੀਣ ਦੀਆਂ ਜ਼ਰੂਰੀ ਚੀਜ਼ਾਂ ਮੁਹਇਆ ਕਰਦਾ ਰਿਹਾ । ਭਾਰਤੀ ਫੌਜ ਦੇ ਗੋਲਡਨ ਐਰੋ ਡਿਵੀਜ਼ਨ ਨੇ ਪਹਿਲਾਂ ਵੀ ਉਸਨੂੰ ਅਤੇ ਉਸਦੇ ਮਾਪਿਆਂ ਨੂੰ ਉਸਦੀ ਹਿੰਮਤ ਅਤੇ ਲਚਕੀਲੇਪਣ ਲਈ ਸਨਮਾਨਿਤ ਕੀਤਾ ਸੀ। ਅੱਜ ਫਿਰੋਜ਼ਪੁਰ ਛਾਉਣੀ ਵਿਖੇ ਇੱਕ ਵਿਸ਼ੇਸ਼ ਸਮਾਰੋਹ ਵਿੱਚ, ਲੈਫਟੀਨੈਂਟ ਜਨਰਲ ਮਨੋਜ ਕੁਮਾਰ ਕਟਿਆਰ, ਜੀਓਸੀ-ਇਨ-ਸੀ ਪੱਛਮੀ ਕਮਾਂਡ, ਨੇ ਮਾਸਟਰ ਸਵਰਨ ਨੂੰ ਨਿੱਜੀ ਤੌਰ 'ਤੇ ਸਨਮਾਨਿਤ ਕੀਤਾ।

-----------------------------------------------------------------------------

ਵਿਸ਼ਵ ਪ੍ਰਸਿੱਧ ਸਭ ਤੋਂ ਬਜ਼ੁਰਗ ਮੈਰਾਥਨ ਦੌੜਾਕ, ਫੌਜਾ ਸਿੰਘ ਦਾ ਅੰਤਿਮ ਸੰਸਕਾਰ ਅੱਜ ਦੁਪਹਿਰ ਬਾਅਦ ਪੰਜਾਬ ਦੇ ਜਲੰਧਰ ਜ਼ਿਲ੍ਹੇ ਦੇ ਉਨ੍ਹਾਂ ਦੇ ਜੱਦੀ , ਬਿਆਸ ਪਿੰਡ ਵਿਖੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ। ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮਹਾਨ ਮੈਰਾਥਨ ਦੌੜਾਕ ਨੂੰ ਅੰਤਿਮ ਵਿਦਾਇਗੀ ਦੇਣ ਵਾਲੇ ਲੋਕਾਂ ਵਿੱਚ ਸ਼ਾਮਲ ਸਨ . ਇੱਕ ਸੌ 14 ਸਾਲਾ ਫੌਜਾ ਸਿੰਘ ਦੀ,

15 ਜੁਲਾਈ ਨੂੰ ਆਪਣੇ ਪਿੰਡ ਨੇੜੇ ਇੱਕ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ।

---------------------------------------------------------------------------

ਹੰਗਰੀ ਦੇ ਬੁਡਾਪੇਸਟ ਵਿੱਚ ਪੋਲਿਆਕ ਇਮਰੇ ਵਰਗਾ ਜਾਨੋਸ ਮੈਮੋਰੀਅਲ ਕੁਸ਼ਤੀ ਟੂਰਨਾਮੈਂਟ ਵਿੱਚ ਭਾਰਤ ਦੀਆਂ ਔਰਤ ਪਹਿਲਵਾਨਾਂ ਦਾ ਦਬਦਬਾ ਜਾਰੀ ਏ। ਭਾਰਤ ਦੀਆਂ ਪਹਿਲਵਾਨਾਂ ਨੇ ਕੱਲ੍ਹ ਇੱਕ ਚਾਂਦੀ ਅਤੇ ਇੱਕ ਕਾਂਸੀ ਦਾ ਤਗਮਾ ਜਿੱਤਿਆ। ਪ੍ਰਿਆ ਮਲਿਕ ਨੇ 76 ਕਿਲੋਗ੍ਰਾਮ ਭਾਰ ਵਰਗ ਵਿੱਚ ਚਾਂਦੀ ਅਤੇ ਏਸ਼ੀਅਨ ਚੈਂਪੀਅਨ ਮਨੀਸ਼ਾ ਨੇ ਕਾਂਸੀ ਦਾ ਤਗਮਾ ਜਿੱਤਿਆ। ਇਸ ਦੇ ਨਾਲ, ਭਾਰਤ ਨੇ ਹੁਣ ਟੂਰਨਾਮੈਂਟ ਵਿੱਚ ਅੱਠ ਤਗਮੇ ਜਿੱਤੇ ਨੇ.

---------------------------------------------------------------------------

- ਸੰਸਦ ਦੇ ਮਾਨਸੂਨ ਇਜਲਾਸ ਤੋਂ ਪਹਿਲਾਂ, ਸਰਕਾਰ ਨੇ ਅੱਜ ਸੰਸਦ ਦੇ ਦੋਵਾਂ ਸਦਨਾਂ ਦੇ ਸੁਚਾਰੂ ਕੰਮਕਾਜ ਨੂੰ ਯਕੀਨੀ ਬਣਾਉਣ ਲਈ ਇੱਕ ਸਰਬ ਪਾਰਟੀ ਮੀਟਿੰਗ ਕੀਤੀ।
- ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਅੱਜ, ਅੰਮ੍ਰਿਤਸਰ ਜਲੰਧਰ ਸ਼ਾਹਰਾਹ ‘ਤੇ ਨਵੇ ਬਣਨ ਵਾਲੇ ਫਲਾਈਓਵਰ ਦਾ ਨੀਂਹ ਪੱਥਰ ਰੱਖਿਆ।

- ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਪਠਾਨਕੋਟ ਦੇ ਅੰਮ੍ਰਿਤਸਰ-ਪਠਾਨਕੋਟ ਸ਼ਾਹਰਾਹ 'ਤੇ ਕੋਟਲੀ ਵਿੱਚ ਬਣੇ ਵਾਤਾਵਰਣ ਪਾਰਕ ਵਿੱਚ ਬੂਟੇ ਲਾ ਕੇ ਜ਼ਿਲ੍ਹੇ ਵਿੱਚ ਵਣ ਮਹਾਉਤਸਵ ਦੀ ਸ਼ੁਰੂਆਤ ਕੀਤੀ।
- ਵਿਸ਼ਵ ਪ੍ਰਸਿੱਧ, ਸਭ ਤੋਂ ਬਜ਼ੁਰਗ ਮੈਰਾਥਨ ਦੌੜਾਕ, ਫੌਜਾ ਸਿੰਘ ਦਾ ਅੰਤਿਮ ਸੰਸਕਾਰ, ਅੱਜ ਦੁਪਹਿਰ ਬਾਅਦ, ਪੰਜਾਬ ਦੇ ਜਲੰਧਰ ਜ਼ਿਲ੍ਹੇ ਦੇ ਉਨ੍ਹਾਂ ਦੇ ਜੱਦੀ, ਬਿਆਸ ਪਿੰਡ ਵਿਖੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ।
- ਭਾਰਤ ਦੀਆਂ ਔਰਤ ਪਹਿਲਵਾਨਾਂ ਨੇ ਹੰਗਰੀ ਵਿੱਚ 3 ਸੋਨੇ ਦੇ ਤਗਮਿਆਂ ਸਮੇਤ ਅੱਠ ਤਗਮੇ ਜਿੱਤੇ ਨੇ।

ਆਕਾਸ਼ਵਾਣੀ ਤੋਂ ਖਬਰਾਂ ਖਤਮ ਹੋਈਆਂ ਖਬਰਾਂ ਦਾ ਅਗਲਾ ਰਾਸ਼ਟਰੀ ਬੁਲੇਟਿਨ, ਤੁਸੀਂ ਸੁਣੋਗੇ, ਸ਼ਾਮ ਸਾਢੇ 7 ਵਜੇ

ਨਮਸ੍ਕਾਰ